**ਸਖੀਹੋ ਸਹੇਲੜੀਹੋ ਮੇਰਾ ਪਿਰੁ ਵਣਜਾਰਾ ਰਾਮ ॥ ਹਰਿ ਨਾਮੋੁ ਵਣੰਜੜਿਆ ਰਸਿ ਮੋਲਿ ਅਪਾਰਾ ਰਾਮ ॥ ਮੋਲਿ ਅਮੋਲੋ ਸਚ ਘਰਿ ਢੋਲੋ ਪ੍ਰਭ ਭਾਵੈ ਤਾ ਮੁੰਧ ਭਲੀ ॥ ਇਕਿ ਸੰਗਿ ਹਰਿ ਕੈ ਕਰਹਿ ਰਲੀਆ ਹਉ ਪੁਕਾਰੀ ਦਰਿ ਖਲੀ ॥ ਕਰਣ ਕਾਰਣ ਸਮਰਥ ਸ੍ਰੀਧਰ ਆਪਿ ਕਾਰਜੁ ਸਾਰਏ ॥ ਨਾਨਕ ਨਦਰੀ ਧਨ ਸੋਹਾਗਣਿ ਸਬਦੁ ਅਭ ਸਾਧਾਰਏ ॥੩॥** {ਪੰਨਾ 436}

ਪਦਅਰਥ:- ਵਣਜਾਰਾ—ਵਪਾਰੀ। ਨਾਮੋੁ—{ਅਸਲ ਲਫ਼ਜ਼ 'ਨਾਮੁ' ਹੈ, ਇਥੇ 'ਨਾਮੋ' ਪੜ੍ਹਨਾ ਹੈ}। ਵਣੰਜੜਿਆ—ਵਪਾਰ ਕੀਤਾ, ਖਰੀਦਿਆ। ਅਪਾਰਾ—ਬੇਅੰਤ। ਮੋਲਿ—ਮੁੱਲ ਵਿਚ। ਢੋਲੋ—ਪਿਆਰਾ। ਇਕਿ—ਕਈ (ਜੀਵ-ਇਸਤ੍ਰੀਆਂ)। ਹਉ—ਮੈਂ। ਦਰਿ—ਦਰ ਤੇ। ਸ੍ਰੀਧਰ—ਲੱਛਮੀ ਦਾ ਆਸਰਾ ਪ੍ਰਭੂ। ਸਾਰਏ—ਸਾਰੈ, ਸੰਭਾਲਦਾ ਹੈ, ਸੰਵਾਰਦਾ ਹੈ। ਅਭ—ਹਿਰਦਾ। ਸਾਧਾਰਏ—ਸਹਾਰਾ ਦੇਂਦਾ ਹੈ।3।

ਅਰਥ:- ਹੇ (ਸਤਸੰਗੀ) ਸਹੇਲੀਹੋ! ਪਰਮਾਤਮਾ ਪ੍ਰੇਮ ਦਾ ਵਪਾਰੀ ਹੈ। ਜਿਸ ਨੇ ਉਸ ਦਾ ਨਾਮ ਵਿਹਾਝਿਆ ਹੈ ਉਹ ਉਸ ਦੇ ਨਾਮ-ਰਸ ਵਿਚ ਭਿੱਜ ਕੇ ਇਤਨੇ ਉੱਚੇ ਆਤਮਕ-ਜੀਵਨ ਵਾਲੀ ਹੋ ਜਾਂਦੀ ਹੈ ਕਿ ਉਸ ਦਾ ਮੁੱਲ ਨਹੀਂ ਪੈ ਸਕਦਾ। ਉਹ ਜੀਵ-ਸਖੀ ਬੇਅੰਤ ਮੁੱਲ ਵਾਲੀ ਹੋ ਜਾਂਦੀ ਹੈ, ਪਿਆਰੇ-ਪ੍ਰਭੂ ਦੇ ਸਦਾ-ਥਿਰ ਚਰਨਾਂ ਵਿਚ ਉਹ ਜੁੜੀ ਰਹਿੰਦੀ ਹੈ। ਉਹੀ ਜੀਵ-ਇਸਤ੍ਰੀ ਚੰਗੀ ਸਮਝੋ ਜੋ ਪਤੀ-ਪ੍ਰਭੂ ਨੂੰ ਪਿਆਰੀ ਲੱਗਦੀ ਹੈ। ਅਨੇਕਾਂ ਹੀ ਹਨ ਜੋ ਪ੍ਰਭੂ ਦੀ ਯਾਦ ਵਿਚ ਜੁੜ ਕੇ ਆਤਮਕ ਆਨੰਦ ਮਾਣਦੀਆਂ ਹਨ, ਮੈਂ ਉਹਨਾਂ ਦੇ ਦਰ ਤੇ ਖਲੋ ਕੇ ਬੇਨਤੀ ਕਰਦੀ ਹਾਂ (ਕਿ ਮੇਰੀ ਸਹਾਇਤਾ ਕਰੋ ਮੈਂ ਭੀ ਪ੍ਰਭੂ ਨੂੰ ਯਾਦ ਕਰ ਸਕਾਂ)।

ਹੇ ਨਾਨਕ! ਜਿਸ ਜੀਵ-ਇਸਤ੍ਰੀ ਉਤੇ ਪ੍ਰਭੂ ਦੀ ਮੇਹਰ ਦੀ ਨਿਗਾਹ ਹੁੰਦੀ ਹੈ ਉਹ ਭਾਗਾਂ ਵਾਲੀ ਹੈ, ਗੁਰੂ ਦਾ ਸ਼ਬਦ ਉਸ ਦੇ ਹਿਰਦੇ ਨੂੰ ਸਹਾਰਾ ਦੇਈ ਰੱਖਦਾ ਹੈ; ਉਹ ਪਰਮਾਤਮਾ ਜੋ ਸਾਰੇ ਜਗਤ ਦਾ ਮੂਲ ਹੈ ਜੋ ਸਭ ਕੁਝ ਕਰਨ-ਯੋਗ ਹੈ ਜੋ ਮਾਇਆ ਦਾ ਪਤੀ ਹੈ ਉਸ ਜੀਵ-ਇਸਤ੍ਰੀ ਦੇ ਮਨੁੱਖਾ ਜਨਮ ਦੇ ਮਨੋਰਥ ਨੂੰ ਸਫਲ ਕਰਦਾ ਹੈ।3।